ਓਪਨ ਮੁਕਾਬਲੇ 'ਚ ਦੂਲੋਵਾਲ ਦੀ ਟੀਮ ਨੇ ਪਹਿਲਾ ਸਥਾਨ ਮੱਲ੍ਹਿਆ

ਮਾਨਸਾ, 3 ਜਨਵਰੀ (ਵਿਸ਼ੇਸ਼ ਪ੍ਰਤੀਨਿਧ)-ਧਾਲੀਵਾਲ ਸਪੋਰਟਸ ਐਂਡ ਵੈੱਲਫੇਅਰ ਕਲੱਬ ਦੂਲੋਵਾਲ ਵਲੋਂ ਚੌਥਾ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ। ਕੁੱਲ 70 ਟੀਮਾਂ ਨੇ ਭਾਗ ਲਿਆ। ਓਪਨ ਮੁਕਾਬਲੇ 'ਚ ਮੇਜਬਾਨ ਦੂਲੋਵਾਲ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ ਜਦਕਿ ਕਪਿਆਲ ਦੀ ਟੀਮ ਦੂਜੇ ਸਥਾਨ 'ਤੇ ਰਹੀ। ਕਬੱਡੀ 65 ਕਿੱਲੋਗ੍ਰਾਮ 'ਚ ਰਾਮਪੁਰਾ ਪਹਿਲੇ ਤੇ ਬਾਜੇਵਾਲਾ ਦੀ ਟੀਮ ਨੇ ਦੂਜਾ ਸਥਾਨ ਮੱਲ੍ਹਿਆ। ਬੁੱਗਾ ਚੱਠੇਵਾਲ ਵਧੀਆ ਰੇਡਰ ਤੇ ਕੁਲਵੀਰ ਸਿੰਘ ਜਟਾਣਾ ਵਧੀਆ ਧਾਵੀ ਚੁਣੇ ਗਏ। ਕਲੱਬ ਪ੍ਰਧਾਨ ਤਰਸੇਮ ਸਿੰਘ ਧਾਲੀਵਾਲ ਨੇ ਸਭਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਮੀਤ ਸਿੰਘ, ਗੁਰਵਿੰਦਰ ਸਿੰਘ, ਬੇਅੰਤ ਸਿੰਘ, ਗੁਰਤੇਜ ਸਿੰਘ, ਮੱਖਣ ਸਿੰਘ, ਪ੍ਰਿਤਪਾਲ ਸਿੰਘ, ਦਵਿੰਦਰ ਸਿੰਘ ਰੂਬੀ, ਮਹਿਕ ਧਾਲੀਵਾਲ, ਜਗਤਾਰ ਸਿੰਘ ਤਾਰੀ, ਜਗਤਾਰ ਸਿੰਘ ਘੋੜਾ, ਗੁਲਾਬ ਸਿੰਘ, ਹਰਜਿੰਦਰ ਸਿੰਘ, ਬਹਾਦਰ ਕੋਚ, ਅਮਨਦੀਪ ਸਿੰਘ ਆਦਿ ਮੈਂਬਰ ਹਾਜ਼ਰ ਸਨ।

ਪੰਜਾਬ 'ਚ ਤੀਜੇ ਬਦਲ ਦੀ ਲੋੜ- ਐਡ. ਗੁਰਸੇਵਕ ਸਿੰਘ

ਝੁਨੀਰ, 3 ਜਨਵਰੀ (ਸੰਧੂ)- ਪੰਜਾਬ 'ਚ ਹੁਣ ਤੀਜੇ ਬਦਲ ਦੀ ਲੋੜ ਹੈ। ਰਵਾਇਤੀ ਪਾਰਟੀਆਂ ਨੇ ਪੰਜਾਬ ਦਾ ਕੋਈ ਭਲਾ ਨਹੀਂ ਕੀਤਾ। ਇਹ ਪ੍ਰਗਟਾਵਾ ਪਿੰਡ ਫੱਤਾ ਮਾਲੋਕਾ ਤੇ ਬੁਰਜ ਭਲਾਈਕੇ ਵਿਖੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਭਾਰਤੀ ਕਿਸਾਨ ਯੂਨੀਅਨ (ਚੜੂਨੀ) ਦੇ ਆਗੂ ਸਰਪੰਚ ਐਡਵੋਕੇਟ ਗੁਰਸੇਵਕ ਸਿੰਘ ਫੱਤਾ ਮਾਲੋਕਾ ਨੇ ਕੀਤਾ। ਉਨ੍ਹਾਂ ਕਿਹਾ ਕਿ ਤਿੰਨ ਖੇਤੀ ਕਾਲੇ ਕਾਨੂੰਨ ਇਨ੍ਹਾਂ ਸਿਆਸੀ ਪਾਰਟੀਆਂ ਦੀ ਵਜ੍ਹਾ ਨਾਲ ਲਿਆਂਦੇ ਗਏ ਸਨ ਜੋ ਕਿ ਕਿਸਾਨ ਜਥੇਬੰਦੀਆਂ ਦੇ ਸਹਿਯੋਗ ਨਾਲ ਵਾਪਸ ਹੋਏ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਚੰਗੇ ਭਵਿੱਖ ਲਈ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਚੰਗੇ ਉਮੀਦਵਾਰ ਨੂੰ ਵੋਟਾਂ ਪਾਉਣ ਤਾਂ ਜੋ ਪੰਜਾਬ ਦਾ ਭਵਿੱਖ ਸੰਵਾਰ ਸਕੀਏ। ਇਸ ਮੌਕੇ ਲਵਪ੍ਰੀਤ ਸਿੰਘ, ਜਸਬੀਰ ਸਿੰਘ, ਬਿੰਦਰ ਸਿੰਘ, ਛੱਜੂ ਸਿੰਘ, ਮਿੱਠੂ ਸਿੰਘ ਆਦਿ ਹਾਜ਼ਰ ਸਨ।

ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਸਰਦੂਲਗੜ੍ਹ ਵਲੋਂ ਨਗਰ ਪੰਚਾਇਤ ਦਫ਼ਤਰ ਅੱਗੇ ਲਾਏ ਧਰਨੇ ਵਿਚ ਬੈਠੇ ਵੱਖ-ਵੱਖ ਆਗੂ ਤੇ ਸਭਾ ਦੇ ਮੈਂਬਰ। ਤਸਵੀਰ : ਜੀ.ਐੱਮ.ਅਰੋੜਾ

ਨਗਰ ਪੰਚਾਇਤ ਦਫ਼ਤਰ ਅੱਗੇ ਲਗਾਇਆ ਧਰਨਾ ਚੌਥੇ ਦਿਨ 'ਚ ਸ਼ਾਮਿਲ

ਸਰਦੂਲਗੜ੍ਹ, 3 ਜਨਵਰੀ (ਜੀ.ਐੱਮ.ਅਰੋੜਾ)-ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਸਰਦੂਲਗੜ੍ਹ ਵਲੋਂ ਨਗਰ ਪੰਚਾਇਤ ਦਫ਼ਤਰ ਦੇ ਗੇਟ ਅੱਗੇ ਸ਼ਹੀਦ ਭਗਤ ਸਿੰਘ ਦਾ ਬੁੱਤ ਰੋੜਕੀ ਚੌਕ ਵਿਚ ਨਾ ਲਗਾਉਣ ਨੂੰ ਲੈ ਕੇ ਲਗਾਇਆ ਧਰਨਾ ਚੌਥੇ ਦਿਨ ਵਿਚ ਸ਼ਾਮਿਲ ਹੋ ਗਿਆ। ਲੋਕਾਂ ਵਲੋਂ ਧਰਨੇ ਵਿਚ ਪਹੁੰਚ ਕੇ ਸ਼ਹੀਦ ਭਗਤ ਸਿੰਘ ਦਾ ਬੁੱਤ ਲਗਾਉਣ ਸਬੰਧੀ ਉਨ੍ਹਾਂ ਨੂੰ ਸਮਰਥਨ ਦਿੱਤਾ ਜਾ ਰਿਹਾ ਹੈ ਪਰ ਧਰਨੇ 'ਤੇ ਬੈਠੇ ਨੌਜਵਾਨਾਂ ਦੀ ਸਾਰ ਅਜੇ ਤੱਕ ਨਹੀਂ ਲਈ ਗਈ। ਸੰਬੋਧਨ ਕਰਦਿਆਂ ਕਾ. ਗੁਰਦੇਵ ਸਿੰਘ, ਕਾ. ਪਾਸ਼ਾ ਬਠਿੰਡਾ, ਸ਼ਗਨ ਸੰਧੂ, ਰਾਮ ਕ੍ਰਿਸ਼ਨ ਭਾਰਤੀ ਨੇ ਕਿਹਾ ਕਿ ਕਾਂਗਰਸੀ ਨੇਤਾਵਾਂ ਵਲੋਂ ਭਗਤ ਸਿੰਘ ਦਾ ਬੁੱਤ ਰੋੜਕੀ ਚੌਕ ਵਿਚ ਸਥਾਪਤ ਕਰਨ ਸਬੰਧੀ ਟੱਕ ਲਗਾਇਆ ਗਿਆ ਸੀ ਪਰ ਹੁਣ ਉਹ ਇਸ ਨੂੰ ਰਾਜਨੀਤਕ ਰੰਗਤ ਦੇ ਕੇ ਬੁੱਤ ਸਥਾਪਤ ਨਹੀਂ ਕਰ ਰਹੇ। ਉਨ੍ਹਾਂ ਕਿਹਾ ਕਿ ਜਿੰਨਾ ਚਿਰ ਬੁੱਤ ਸਥਾਪਤ ਨਹੀਂ ਕੀਤਾ ਜਾਂਦਾ ਉਹ ਸੰਘਰਸ਼ ਤੋਂ ਪਿੱਛੇ ਨਹੀਂ ਹਟਣਗੇ। ਇਸ ਮੌਕੇ ਕਾ. ਲਾਲ ਚੰਦ, ਅੰਮ੍ਰਿਤ ਸੰਧੂ, ਰਵਿੰਦਰ ਲੋਹਗੜ੍ਹ, ਜਸ਼ਨ ਗਰਗ, ਕਾ. ਬੰਸੀ ਲਾਲ ਆਦਿ ਨੇ ਸੰਬੋਧਨ ਕੀਤਾ।

-ਮਾਮਲਾ ਸ਼ਹੀਦ ਭਗਤ ਸਿੰਘ ਦੇ ਬੁੱਤ ਸਥਾਪਤ ਕਰਨ ਦਾ-

ਗੁਰਦੁਆਰਾ ਸਾਹਿਬ 'ਚ ਹੱਲਾ ਮਚਾਉਣ ਵਾਲੀ ਔਰਤ ਇਲਾਜ ਲਈ ਹਸਪਤਾਲ ਦਾਖ਼ਲ

ਬਠਿੰਡਾ, 3 ਜਨਵਰੀ (ਸੱਤਪਾਲ ਸਿੰਘ ਸਿਵੀਆਂ)-ਬੀਤੇ ਦਿਨ ਸਥਾਨਕ ਗੁਰਦੁਆਰਾ ਕਿਲਾ ਮੁਬਾਰਕ ਸਾਹਿਬ ਦੇ ਦਰਬਾਰ ਸਾਹਿਬ 'ਚ ਦਾਖ਼ਲ ਹੋ ਕੇ ਹੱਲਾ ਮਚਾਉਣ ਵਾਲੀ ਔਰਤ ਨੂੰ ਅੱਜ ਪੁਲਿਸ ਪ੍ਰਸ਼ਾਸਨ ਤੇ ਸਮਾਜਸੇਵੀ ਸੰਸਥਾਵਾਂ ਵਲੋਂ ਇਲਾਜ ਲਈ ਸਥਾਨਕ ਸਿਵਲ ਹਸਪਤਾਲ ਵਿਖੇ ਦਾਖ਼ਲ ਕਰਵਾਇਆ ਗਿਆ। ਥਾਣਾ ਕੋਤਵਾਲੀ ਦੇ ਮੁੱਖ ਅਫ਼ਸਰ ਪ੍ਰਮਿੰਦਰ ਸਿੰਘ ਅਤੇ ਸਮਾਜਸੇਵੀ ਗੁਰਵਿੰਦਰ ਸ਼ਰਮਾ ਤੇ ਸੰਦੀਪ ਗਿੱਲ ਦਾ ਕਹਿਣਾ ਹੈ ਕਿ ਉਕਤ ਔਰਤ ਦੀ ਮਾਨਸਿਕ ਹਾਲਾਤ ਨੂੰ ਦੇਖਦੇ ਹੋਏ ਇਲਾਜ ਕਰਵਾਉਣ ਲਈ ਉਸਨੂੰ ਸਥਾਨਕ ਭਾਈ ਮਨੀ ਸਿੰਘ ਸਿਵਲ ਹਸਪਤਾਲ ਵਿਖੇ ਲਿਆਂਦਾ ਗਿਆ ਹੈ, ਜਿੱਥੇ ਡਾਕਟਰਾਂ ਨੇ ਮੁੱਢਲੀ ਜਾਂਚ ਦੌਰਾਨ ਉਸ ਦੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਹੋਣ ਬਾਰੇ ਦੱਸਿਆ ਹੈ ਤੇ ਇਸ ਦਾ ਮਾਨਸਿਕ ਰੋਗਾਂ ਦੇ ਮਾਹਿਰ ਡਾਕਟਰਾਂ ਵਲੋਂ ਇਲਾਜ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਬੀਤੇ ਦਿਨ ਉਕਤ ਗੁਰਦੁਆਰਾ ਸਾਹਿਬ 'ਚ ਹੱਲਾ ਮਚਾਉਣ ਵਾਲੀ ਭਗਤੀ ਆਹੂਜਾ ਨਾਮੀ ਔਰਤ ਨੂੰ ਤੁਰੰਤ ਗੁਰੂ ਘਰ ਦੇ ਪ੍ਰਬੰਧਕਾਂ ਤੇ ਸਿੱਖ ਸੰਗਤਾਂ ਵਲੋਂ ਪੁਲਿਸ ਹਵਾਲੇ ਕਰ ਦਿੱਤਾ ਗਿਆ ਸੀ ਤੇ ਉਸ ਖ਼ਿਲਾਫ਼ ਗੁਰਦੁਆਰਾ ਸਾਹਿਬ ਦੇ ਮੈਨੇਜ਼ਰ ਦੇ ਬਿਆਨਾਂ ਉੱਪਰ ਸਿੱਖ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਤਹਿਤ ਥਾਣਾ ਕੋਤਵਾਲੀ ਵਿਖੇ ਮੁੱਕਦਮਾ ਦਰਜ ਕੀਤਾ ਗਿਆ ਹੈ। ਪੁਲਿਸ ਕੋਲ ਪੁੱਜੇ ਔਰਤ ਦੇ ਵਾਰਸਾਂ ਨੇ ਉਸ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਹੋਣ ਕਾਰਨ ਪਿਛਲੇ ਕਈ ਮਹੀਨਿਆਂ ਤੋਂ ਘਰੋਂ ਲਾਪਤਾ ਹੋਣ ਦੀ ਪੁਸ਼ਟੀ ਕੀਤੀ ਸੀ ਪਰ ਪੁਲਿਸ ਪ੍ਰਸ਼ਾਸਨ ਨੇ ਇਸ ਦੀ ਆਪਣੇ ਪੱਧਰ 'ਤੇ ਹਰ ਪਹਿਲੂ ਤੋਂ ਜਾਂਚ ਵਿੱਢੀ ਹੋਈ ਹੈ ਤੇ ਉਸੇ ਜਾਂਚ ਦੇ ਹਿੱਸੇ ਵਜੋਂ ਉਸ ਨੂੰ ਇਲਾਜ ਲਈ ਹਸਪਤਾਲ ਵਿਖੇ ਦਾਖ਼ਲ ਕਰਵਾਇਆ ਗਿਆ ਦੱਸਿਆ ਜਾ ਰਿਹਾ ਹੈ। ਪੁਲਿਸ ਦਾ ਕਹਿਣਾ ਹੈ ਕਿ ਡਾਕਟਰਾਂ ਵਲੋਂ ਇਲਾਜ ਸ਼ੁਰੂ ਕੀਤੇ ਜਾਣ ਬਾਅਦ ਔਰਤ ਦੀ ਅਗਲੀ ਹਾਲਤ ਅਨੁਸਾਰ ਅਗਲੇਰੀ ਪੁਲਿਸ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

ਮੌੜ ਮੰਡੀ ਵਿਖੇ ਲੋਕਾਂ ਨਾਲ ਮਿਲਣੀ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਭਾਜਪਾ ਆਗੂ ਜਗਦੀਪ ਸਿੰਘ ਨਕੱਈ। ਤਸਵੀਰ: ਕਮਾਲੂ

ਸਾਬਕਾ ਸੰਸਦੀ ਸਕੱਤਰ ਜਗਦੀਪ ਸਿੰਘ ਨਕੱਈ ਵਲੋਂ ਸਰਗਰਮੀਆਂ ਸ਼ੁਰੂ

ਮੌੜ ਮੰਡੀ, 3 ਜਨਵਰੀ (ਗੁਰਜੀਤ ਸਿੰਘ ਕਮਾਲੂ)-ਸਾਬਕਾ ਮੁੱਖ ਸੰਸਦੀ ਸਕੱਤਰ ਜਗਦੀਪ ਸਿੰਘ ਨਕੱਈ ਵਲੋਂ ਭਾਜਪਾ ਵਿਚ ਸ਼ਾਮਲ ਹੋਣ ਤੋਂ ਬਾਅਦ ਅੱਜ ਹਲਕਾ ਮੌੜ ਅੰਦਰ ਆਪਣੀਆਂ ਸਰਗਰਮੀਆਂ ਸ਼ੁਰੂ ਕਰ ਦਿੱਤੀਆਂ ਹਨ। ਜਗਦੀਪ ਸਿੰਘ ਨਕੱਈ ਵਲੋਂ ਅੱਜ ਮੌੜ ਮੰਡੀ ਅੰਦਰ ਲੇਬਰ ਦਫ਼ਤਰ ਵਿਖੇ ਮਜ਼ਦੂਰ ਕਿਰਤੀ ਕਾਮਿਆਂ ਨਾਲ ਮੀਟਿੰਗ ਕੀਤੀ ਤੇ ਉਨ੍ਹਾਂ ਨੂੰ ਆ ਰਹੀਆਂ ਸਮੱਸਿਆਵਾਂ ਨੂੰ ਸੁਣਿਆ ਤੇ ਬਹੁਤ ਜਲਦ ਇਨ੍ਹਾਂ ਸਮੱਸਿਆਵਾਂ ਨੂੰ ਹੱਲ ਕਰਵਾਉਣ ਦਾ ਭਰੋਸਾ ਦਿੱਤਾ। ਇਸ ਤੋਂ ਬਾਅਦ ਉਨ੍ਹਾਂ ਨੇ ਸ਼ਹਿਰ ਅੰਦਰ ਪੈਦਲ ਚੱਲ ਕੇ ਦੁਕਾਨਦਾਰਾਂ ਨਾਲ ਮਿਲਣੀ ਕੀਤੀ ਜਿੱਥੇ ਕਿ ਸ਼ਹਿਰ ਦੇ ਦੁਕਾਨਦਾਰਾਂ ਨੇ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ। ਜ਼ਿਕਰਯੋਗ ਹੈ ਕਿ ਮੌੜ ਮੰਡੀ ਦੇ ਕਾਰੋਬਾਰੀ ਲੋਕਾਂ ਵਿਚ ਜਗਦੀਪ ਸਿੰਘ ਨਕੱਈ ਦਾ ਚੰਗਾ ਪ੍ਰਭਾਵ ਹੈ ਜਿਸ ਦੇ ਚੱਲਦਿਆਂ ਅੱਜ ਉਨ੍ਹਾਂ ਦੀ ਪਠੇਲੀ ਫੇਰੀ ਦੌਰਾਨ ਹੀ ਮੌੜ ਮੰਡੀ ਦੇ ਕਾਰੋਬਾਰੀਆਂ ਦੇ ਨਾਲ-ਨਾਲ ਆਮ ਲੋਕ ਵੀ ਉਨ੍ਹਾਂ ਦਾ ਸਾਥ ਦੇਣ ਦੀ ਗੱਲ ਕਰ ਰਹੇ ਹਨ। ਜਗਦੀਪ ਸਿੰਘ ਨਕੱਈ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਲੰਬਾ ਅਰਸਾ ਸ਼੍ਰੋਮਣੀ ਅਕਾਲੀ ਦਲ ਦੀ ਸੇਵਾ ਕੀਤੀ ਹੈ ਪ੍ਰੰਤੂ ਉਨ੍ਹਾਂ ਨੂੰ ਕਦੇ ਵੀ ਬਣਦਾ ਮਾਣ ਸਤਿਕਾਰ ਨਹੀਂ ਮਿਲਿਆ। ਉਨ੍ਹਾਂ ਦੇ ਸਮਕਾਲੀ ਐੱਮ. ਐੱਲ. ਏ. ਮੰਤਰੀ ਤੱਕ ਬਣ ਗਏ ਪ੍ਰੰਤੂ ਪਾਰਟੀ ਨੇ ਉਨ੍ਹਾਂ ਨੂੰ ਕਦੇ ਵੀ ਬਹੁਤੀ ਅਹਿਮੀਅਤ ਨਹੀ ਦਿੱਤੀ। ਜਿਸ ਕਾਰਨ ਉਨ੍ਹਾਂ ਨੂੰ ਮਜਬੂਰਨ ਭਾਜਪਾ ਦਾ ਰੁੱਖ ਕਰਨਾ ਪਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਭਾਜਪਾ ਇਕ ਚੰਗੀ ਪਾਰਟੀ ਹੈ ਇੱਥੇ ਪੂਰਨ ਲੋਕਤੰਤਰ ਹੈ। ਇਸ ਪਾਰਟੀ ਵਿਚ ਕੰਮ ਕਰਨ ਵਾਲੇ ਲੋਕਾਂ ਦੀ ਕਦਰ ਹੈ। ਉਨ੍ਹਾਂ ਕਿਹਾ ਕਿ ਮੌੜ ਹਲਕੇ ਅੰਦਰ ਉਨ੍ਹਾਂ ਨੂੰ ਬਹੁਤ ਵਧੀਆ ਹੁੰਗਾਰਾ ਮਿਲਿਆ ਹੈ। ਉਨ੍ਹਾਂ ਕਿਹਾ ਕਿ 5 ਜਨਵਰੀ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਫੇਰੀ ਮੌਕੇ ਪੰਜਾਬ ਲਈ ਬਹੁਤ ਵੱਡੇ ਐਲਾਨ ਹੋ ਰਹੇ ਹਨ ਜੋ ਕਿ ਪੰਜਾਬ ਅਤੇ ਪੰਜਾਬ ਦੇ ਲੋਕਾਂ ਦੇ ਹਿੱਤ ਵਿਚ ਹੋਣਗੇ।

ਮਾਨਸਾ ਵਿਖੇ ਮੀਟਿੰਗ ਦੌਰਾਨ ਮੰਚ 'ਤੇ ਬਿਰਾਜਮਾਨ ਸ੍ਰੀ ਅਸ਼ਵਨੀ ਸ਼ਰਮਾ ਸੂਬਾ ਪ੍ਰਧਾਨ ਭਾਜਪਾ ਤੇ ਹੋਰ ਆਗੂ। ਅਜੀਤ ਤਸਵੀਰ

ਪ੍ਰਧਾਨ ਮੰਤਰੀ ਦੀ ਪੰਜਾਬ ਫੇਰੀ ਇਤਿਹਾਸਕ ਹੋਵੇਗੀ-ਸ਼ਰਮਾ

ਮਾਨਸਾ, 3 ਜਨਵਰੀ (ਗੁਰਚੇਤ ਸਿੰਘ ਫੱਤੇਵਾਲੀਆ)-ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 5 ਜਨਵਰੀ ਨੂੰ ਫ਼ਿਰੋਜਪੁਰ ਵਿਖੇ ਸੂਬਾ ਪੱਧਰੀ ਰੈਲੀ ਨੂੰ ਸੰਬੋਧਨ ਕਰਨ ਲਈ ਪਹੁੰਚ ਰਹੇ ਹਨ, ਜਿਸ ਪ੍ਰਤੀ ਰਾਜ ਦੇ ਲੋਕਾਂ 'ਚ ਵੱਡਾ ਉਤਸ਼ਾਹ ਪਾਇਆ ਜਾ ਰਿਹਾ ਹੈ। ਇਹ ਵਿਚਾਰ ਅੱਜ ਇੱਥੇ ਜ਼ਿਲ੍ਹਾ ਪੱਧਰੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਭਾਜਪਾ ਪ੍ਰਧਾਨ ਸ੍ਰੀ ਅਸ਼ਵਨੀ ਕੁਮਾਰ ਸ਼ਰਮਾ ਨੇ ਪ੍ਰਗਟਾਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਇਹ ਰੈਲੀ ਇਤਿਹਾਸਕ ਹੋਵੇਗੀ। ਉਨ੍ਹਾਂ ਕਿਹਾ ਕਿ ਹਰ ਪਿੰਡ ਤੇ ਸ਼ਹਿਰ ਵਿਚੋਂ ਹਜ਼ਾਰਾਂ ਦੀ ਗਿਣਤੀ ਵਿਚ ਲੋਕ

ਜ਼ਿਲ੍ਹਾ ਪੱਧਰੀ ਇਕੱਤਰਤਾ ਕੀਤੀ

ਪਹੁੰਚਣਗੇ, ਜਿਸ ਕਰ ਕੇ ਇਹ ਰੈਲੀ ਇਕੱਠ ਪੱਖੋਂ ਵੀ ਰਿਕਾਰਡ ਕਾਇਮ ਕਰੇਗੀ। ਪੰਜਾਬ ਭਾਜਪਾ ਪ੍ਰਧਾਨ ਨੇ ਸਮੂਹ ਅਹੁਦੇਦਾਰਾਂ ਤੇ ਵਰਕਰਾਂ ਨੂੰ ਇਸ ਰੈਲੀ 'ਚ ਹੁੰਮਹੁਮਾ ਕੇ ਪੁੱਜਣ ਦੀ ਅਪੀਲ ਕੀਤੀ। ਪੰਜਾਬ ਦੇ ਸਹਿ ਇੰਚਾਰਜ ਡਾ. ਨਰਿੰਦਰ ਰੈਣਾ ਨੇ ਸੰਬੋਧਨ ਕਰਦਿਆਂ ਦਾਅਵਾ ਕੀਤਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਵਿਚ ਪੰਜਾਬ ਵਿਚ ਭਾਜਪਾ ਦੀ ਸਰਕਾਰ ਬਣੇਗੀ। ਇਸ ਮੌਕੇ ਸੂਬਾ ਆਗੂ ਸਤੀਸ਼ ਕੁਮਾਰ ਗੋਇਲ, ਸੂਰਜ ਕੁਮਾਰ ਛਾਬੜਾ, ਅਮਰਜੀਤ ਸਿੰਘ ਕਟੌਦੀਆ, ਸਮੀਰ ਕੁਮਾਰ ਛਾਬੜਾ, ਰੋਹਿਤ ਬਾਂਸਲ, ਜਗਦੀਪ ਸਿੰਘ ਨਕੱਈ, ਗੋਰਾ ਲਾਲ ਬਾਜੇਵਾਲਾ, ਮਾਧੋ ਮੁਰਾਰੀ ਆਦਿ ਹਾਜ਼ਰ ਸਨ।

ਪੰਜਾਬ ਸਰਕਾਰ ਗੁਲਾਬੀ ਸੁੰਡੀ ਨਾਲ ਨਰਮੇ ਦੀ ਫ਼ਸਲ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਤੁਰੰਤ ਦੇਵੇ- ਪ੍ਰੋ. ਬਲਜਿੰਦਰ ਕੌਰ

'ਆਪ' ਦੀ ਸਰਕਾਰ ਆਉਣ 'ਤੇ ਆਰ.ਐੱਮ.ਪੀ. ਡਾਕਟਰ ਲਈ ਸਿਖਲਾਈ ਪ੍ਰੋਗਰਾਮ ਲਿਆਂਦਾ ਜਾਵੇਗਾ

ਬਠਿੰਡਾ, 3 ਜਨਵਰੀ (ਵੀਰਪਾਲ ਸਿੰਘ)-ਗੁਲਾਬੀ ਸੁੰਡੀ ਨਾਲ ਮਾਲਵਾ ਪੱਟੀ ਦੇ ਕਿਸਾਨਾਂ ਦੀ ਨਰਮੇ ਦੀ ਫ਼ਸਲ ਦੇ ਹੋਏ ਨੁਕਸਾਨ ਦੇ ਮੁਆਵਜ਼ੇ ਦੇਣ ਦੇ ਸਬੰਧ ਵਿਚ ਪੰਜਾਬ ਸਰਕਾਰ ਵਲੋਂ ਗੰਭੀਰਤਾ ਨਾਲ ਨਾ ਲਏ ਜਾਣ ਨੂੰ ਲੈ ਕੇ ਪ੍ਰੋ. ਬਲਜਿੰਦਰ ਕੌਰ 'ਆਪ' ਵਿਧਾਇਕ ਤਲਵੰਡੀ ਸਾਬੋ ਵਲੋਂ ਅੱਜ ਆਪਣੇ ਦਫ਼ਤਰ ਵਿਖੇ ਪ੍ਰੈੱਸ ਕਾਨਫ਼ਰੰਸ ਕੀਤੀ ਗਈ। ਇਸ ਮੌਕੇ ਪ੍ਰੈੱਸ ਨੂੰ ਸੰਬੋਧਨ ਕਰਦੇ ਹੋਏ ਪ੍ਰੋ. ਬਲਜਿੰਦਰ ਕੌਰ 'ਆਪ' ਵਿਧਾਇਕਾ ਵਲੋਂ ਪੰਜਾਬ ਸਰਕਾਰ ਦੇ ਝੂਠੇ ਕੀਤੇ ਜਾ ਰਹੇ ਵਾਅਦਿਆਂ ਦਾ ਖੰਡਨ ਕਰਦੇ ਹੋਏ ਕਿਹਾ ਕਿ ਕਿਸਾਨਾਂ ਦੀ ਨਰਮੇ ਦੀ ਫ਼ਸਲ ਦੇ ਹੋਏ ਨੁਕਸਾਨ ਦਾ ਬਣਦਾ ਮੁਆਵਜ਼ਾ ਤੁਰੰਤ ਦੇਣ ਦੀ ਮੰਗ ਕੀਤੀ। ਇਸ਼ਤਿਹਾਰਾਂ ਵਿਚ 36000 ਏਕੜ ਨਰਮੇ ਦੀ ਫ਼ਸਲ ਜੋ ਗੁਲਾਬੀ ਸੁੰਡੀ ਨਾਲ ਨੁਕਸਾਨੀ ਗਈ ਫ਼ਸਲ ਨੂੰ ਲੈ ਕੇ ਕਿਸਾਨਾਂ ਨਾਲ ਧੋਖਾ ਕੀਤਾ ਜਾ ਰਿਹਾ, ਪੰਜਾਬ ਸਰਕਾਰ ਦੀ ਨਿਕਾਮੀਆਂ ਕਾਰਨ ਕਿਸਾਨਾਂ ਨੂੰ ਮੁੜ ਤੋਂ ਸੜਕਾਂ 'ਤੇ ਉੱਤਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ, ਪੰਜਾਬ ਸਰਕਾਰ ਵਲੋਂ ਆ ਰਹੀਆਂ ਵਿਧਾਨ ਸਭਾ ਚੋਣਾਂ ਵਿਚ ਨੌਜਵਾਨ ਵੋਟਰਾਂ ਨੂੰ ਭਰਮਾਉਣ ਲਈ ਕੀਤੇ ਚੋਣ ਵਾਅਦਿਆਂ ਵਿਚ ਕੀਤੇ ਗਏ ਸਵਾਲ ਦਾ ਜਵਾਬ ਦਿੰਦੇ ਹੋਏ ਕਿਹਾ ਕਿ ਪਿਛਲੇ 75 ਸਾਲਾਂ ਤੋਂ ਪੰਜਾਬ ਦੀ ਸੱਤਾ ਤੇ ਕਾਬਜ਼ ਰਹੀਆਂ ਪਾਰਟੀਆਂ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਦੁਰਦਿਸ਼ਾ ਜੋ ਕੀਤੀ ਗਈ ਹੈ, ਉਹ ਲੋਕਾਂ ਦੇ ਸਾਹਮਣੇ ਹੈ। ਉਨ੍ਹਾਂ ਅੱਗੇ ਕਿਹਾ ਕਿ 'ਆਪ' ਦੇ ਮੁੱਖ ਮੰਤਰੀ ਦੇ ਚਿਹਰੇ ਨੂੰ ਲੈ ਕੇ ਪੁੱਛੇ ਗਏ ਸਵਾਲਾਂ ਦੇ ਜਵਾਬ ਦਿੰਦੇ ਹੋਏ ਕਿਹਾ ਕਿ ਅੱਜ ਤੱਕ ਕਿਸੇ ਰਾਜਨੀਤਕ ਪਾਰਟੀ ਵਲੋਂ ਪੱਕੇ ਤੌਰ 'ਤੇ ਮੁੱਖ ਮੰਤਰੀ ਦਾ ਚਿਹਰਾ ਸਾਹਮਣੇ ਨਹੀਂ ਲਿਆਂਦਾ ਗਿਆ। 'ਆਪ' ਵਲੋਂ ਸਭ ਤੋਂ ਪਹਿਲਾਂ ਮੁੱਖ ਮੰਤਰੀ ਦਾ ਚਿਹਰਾ ਸਾਹਮਣੇ ਲਿਆਂਦਾ ਜਾਵੇਗਾ। ਇਸ ਮੌਕੇ ਜਗਰੂਪ ਸਿੰਘ ਗਿੱਲ 'ਆਪ' ਉਮੀਦਵਾਰ ਬਠਿੰਡਾ ਸ਼ਹਿਰੀ, ਅਮਰਜੀਤ ਮਹਿਤਾ, ਰਕੇਸ਼ ਪੁਰੀ, ਗੁਰਜੰਟ ਸਿੰਘ ਜ਼ਿਲ੍ਹਾ ਪ੍ਰਧਾਨ, ਅੰ